**16ਵੀਂ ਪੰਜਾਬ ਵਿਧਾਨ ਸਭਾ**

**ਪੰਜਵਾਂ ਸਮਾਗਮ, 2023**

**ਪੰਜਾਬ ਵਿਧਾਨ ਸਭਾ**

**ਬੁਲੇਟਿਨ ਨੰ: 01**

**ਮੰਗਲਵਾਰ, 28 ਨਵੰਬਰ 2023**

(02.00 ਵਜੇ ਬਾਅਦ ਦੁਪਹਿਰ ਤੋਂ 05.53 ਵਜੇ ਸ਼ਾਮ ਤੱਕ)

1. **ਅਕਾਲ ਚਲਾਣਿਆਂ ਦਾ ਵਰਣਨ:-**

**ਮਾਣਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ:-**

1. ਸਰਦਾਰ ਹਰਬੰਤ ਸਿੰਘ ਦਾਤੇਵਾਸ, ਸਾਬਕਾ ਐਮ.ਐਲ.ਏ;
2. ਸਰਦਾਰ ਅਮਰ ਸਿੰਘ ਸੁਖੀਜਾ, ਸੁਤੰਤਰਤਾ ਸੰਗਰਾਮੀ;
3. ਸ੍ਰੀ ਜਵਾਹਰ ਲਾਲ, ਸੁਤੰਤਰਤਾ ਸੰਗਰਾਮੀ;
4. ਸਰਦਾਰ ਬਿਸ਼ਨ ਸਿੰਘ ਬੇਦੀ, ਖਿਡਾਰੀ; ਅਤੇ
5. ਬੇਗਮ ਮੁਨੱਵਰ-ਉਨ-ਨਿਸ਼ਾ।

ਮਾਣਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਸ਼ਖਸੀਅਤਾਂ ਦੇ ਜੀਵਨ ਅਤੇ ਯੋਗਦਾਨ ਬਾਰੇ ਸਦਨ ਵਿੱਚ ਵਰਣਨ ਕੀਤਾ ਗਿਆ ਅਤੇ ਸਦਨ ਵੱਲੋਂ ਇਨ੍ਹਾਂ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਸ ਤੋਂ ਇਲਾਵਾ ਮਾਣਯੋਗ ਸਪੀਕਰ ਵੱਲੋਂ Servants of people's society ਦੇ ਮੈਂਬਰ, ਉੱਘੇ ਸਿੱਖਿਆ ਸ਼ਾਸਤਰੀ, ਅਧਿਆਪਕ ਸੰਘਰਸ਼ ਦੇ ਮੋਹਰੀ ਆਗੂ ਅਤੇ ਮਾਲਟਾ ਬੋਟ ਹਾਦਸੇ ਦੀ ਪੈਰਵੀ ਕਰਨ ਵਾਲੇ ਸਮਾਜ ਸੇਵਕ ਸ. ਬਲਵੰਤ ਸਿੰਘ ਖੇੜਾ; ਪੰਜਾਬ ਵਿਧਾਨ ਸਭਾ ਦੇ ਮੌਜੂਦਾ ਐਮ.ਐਲ.ਏ ਸ੍ਰੀ ਨਰੇਸ਼ ਪੁਰੀ ਜੀ ਦੇ ਮਾਤਾ ਜੀ ਸ੍ਰੀਮਤੀ ਕਾਮਿਨੀ ਪੁਰੀ ਪਤਨੀ ਸਵਰਗਵਾਸੀ ਸ੍ਰੀ ਰਘੁਨਾਥ ਸਹਾਏ ਪੁਰੀ; ਸਾਬਕਾ ਮੰਤਰੀ; ਸ. ਮਨਜਿੰਦਰ ਸਿੰਘ ਲਾਲਪੁਰਾ ਐਮ.ਐਲ.ਏ ਦੇ ਮਾਤਾ ਜੀ ਸ੍ਰੀਮਤੀ ਬਲਬੀਰ ਕੌਰ; ਡਾ. ਰਵਜੋਤ ਸਿੰਘ ਐਮ.ਐਲ.ਏ ਦੇ ਮਾਤਾ ਜੀ ਸ੍ਰੀਮਤੀ ਸੁਰਿੰਦਰ ਕੌਰ; ਸ੍ਰੀ ਅਮੋਲਕ ਸਿੰਘ, ਐਮ.ਐਲ.ਏ ਦੇ ਮਾਤਾ ਜੀ ਸ੍ਰੀਮਤੀ ਕਰਤਾਰ ਕੌਰ; ਦੇਸ਼ ਦੀ ਰੱਖਿਆ ਲਈ ਸ਼ਹੀਦ ਹੋਏ ਸ੍ਰੀ ਹਰਸਿਮਰਨ ਸਿੰਘ ਫੌਜੀ ਅਤੇ ਸੁਲਤਾਨਪੁਰ ਲੋਧੀ ਵਿੱਚ ਵਾਪਰੇ ਹਾਦਸੇ ਦੌਰਾਨ ਸਦੀਵੀਂ ਵਿਛੋੜਾ ਦੇ ਗਏ ਸ੍ਰੀ ਜਸਪਾਲ ਸਿੰਘ, ਹੋਮਗਾਰਡ ਨੂੰ ਵੀ ਸਦਨ ਦੀ ਸਹਿਮਤੀ ਨਾਲ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ ਅਤੇ ਸਦਨ ਵੱਲੋਂ ਉਨ੍ਹਾਂ ਨੂੰ ਵੀ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ।

ਮਾਣਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਖੜ੍ਹੇ ਹੋ ਕੇ ਦੋ ਮਿੰਟ ਲਈ ਮੌਨ ਧਾਰਨ ਕੀਤਾ ਗਿਆ।

2. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ :

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | - | 1 | 9 | 17 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 10

3. ਮਾਨਯੋਗ ਸਪੀਕਰ ਦੁਆਰਾ ਐਲਾਨ

I. ਸਭਾਪਤੀ ਨਾਮਾਂਵਲੀ ਸਬੰਧੀ

ਮਾਣਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਅਧੀਨ ਨਿਮਨਲਿਖਤ ਮਾਣਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:-

i. ਸ੍ਰੀ ਬੁੱਧ ਰਾਮ, ਐਮ.ਐਲ.ਏ;
ii. ਸਰਦਾਰ ਪਰਗਟ ਸਿੰਘ ਪੋਆਰ, ਐਮ.ਐਲ.ਏ;
iii. ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ;
iv. ਸਰਦਾਰ ਮਨਪ੍ਰੀਤ ਸਿੰਘ ਇਆਲੀ, ਐਮ.ਐਲ.ਏ;

4. ਸਕੱਤਰ ਦੁਆਰਾ ਐਲਾਨ

ਸਕੱਤਰ ਵੱਲੋਂ 16ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ ਚੌਥੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

5. ਧਿਆਨ ਦਿਵਾਊ ਨੋਟਿਸ

1) ਡਾ. ਸੁਖਵਿੰਦਰ ਕੁਮਾਰ ਸੁੱਖੀ, ਐਮ.ਐਲ.ਏ. ਵੱਲੋਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਡੇਂਗੂ ਲਈ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਆਰੰਭ ਕਰਨ ਦੀ ਜ਼ਰੂਰਤ ਵੱਲ ਦਿਵਾਇਆ।
(ਨੰ:2)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਨੇ ਜਵਾਬ ਦਿੱਤਾ ।

2) ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ,ਐਮ.ਐਲ.ਏ ਵੱਲੋਂ ਸਮਾਜਿਕ ਸੁਰੱਖਿਆ ਮੰਤਰੀ ਦਾ ਧਿਆਨ ਰਾਜ ਵਿੱਚ ਸਪੈਸ਼ਲ/ਅਨਾਥ ਬੱਚਿਆਂ ਨੂੰ ਵਿਸ਼ੇਸ਼ ਪੈਨਸ਼ਨ ਜਾਂ ਵਿੱਤੀ ਮਦਦ ਅਤੇ ਇਲਾਜ ਮੁਹੱਈਆ ਕਰਵਾਉਣ ਵੱਲ ਦਿਵਾਇਆ ਗਿਆ।
(ਨੰ:13)

ਸਮਾਜਿਕ ਸੁਰੱਖਿਆ ਮੰਤਰੀ ਨੇ ਜਵਾਬ ਦਿੱਤਾ।

3) ਸ੍ਰੀ ਵਿਜੇ ਸਿੰਗਲਾ, ਐਮ.ਐਲ.ਏ ਵੱਲੋਂ ਸਥਾਨਕ ਸਰਕਾਰ ਮੰਤਰੀ ਦਾ ਧਿਆਨ ਮਾਨਸਾ ਸ਼ਹਿਰ ਵਿੱਚ ਸੀਵਰੇਜ ਦੇ ਓਵਰਫਲੋਅ ਹੋਣ ਕਰਕੇ ਵੱਖ-ਵੱਖ ਬਿਮਾਰੀਆਂ ਪੈਦਾ ਹੋਣ ਵੱਲ ਦਿਵਾਇਆ ਗਿਆ। (ਨੰ:20)

ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

6. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਣਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 28/11/2023 ਤੋਂ 29/11/2023 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲਿਆਂ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਇਸ ਉਪਰੰਤ ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

1. ਸ. ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ — 01 ਮਿੰਟ
2. ਸ੍ਰੀ ਅਵਤਾਰ ਸਿੰਘ ਜੂਨੀਅਰ, ਇੰਡੀਅਨ ਨੈਸ਼ਨਲ ਕਾਂਗਰਸ — 02 ਮਿੰਟ

ਬਹਿਸ ਦਾ ਜਵਾਬ ਦਿੰਦੇ ਹੋਏ ਮਾਣਯੋਗ ਮੁੱਖ ਮੰਤਰੀ 02 ਮਿੰਟ ਲਈ ਬੋਲੇ।

7. **ਮੇਜ਼ ਤੇ ਰੱਖੇ ਗਏ ਕਾਗਜ਼-ਪੱਤਰ**

ਸੰਸਦੀ ਮਾਮਲਿਆਂ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 4 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

8. **ਵਿਧਾਨਕ ਕੰਮ-ਕਾਰ**

1) **ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2023**

ਵਿੱਤ ਮੰਤਰੀ ਨੇ ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ ਨੇ ਬਿਲ ਤੇ ਹੋਈ ਬਹਿਸ ਵਿਚ ਹਿੱਸਾ ਲਿਆ ਅਤੇ ਉਹ 02 ਮਿੰਟ ਲਈ ਬੋਲੇ।

ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮਾਣਯੋਗ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਕ੍ਰਮਵਾਰ 31 ਮਿੰਟ ਅਤੇ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 ਤੋਂ 28 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਵਸਤਾਂ ਅਤੇ ਸੇਵਾਵਾਂ ਕਰ (ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

2) **<u>ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਸੋਧਨਾ) ਬਿਲ, 2023</u>**

ਵਿੱਤ ਮੰਤਰੀ ਨੇ ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ 07 ਮਿੰਟ ਲਈ ਬੋਲੇ।

ਸ. ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 06 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧਨ (ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਨਾਲ ਪ੍ਰਵਾਨ ਹੋਇਆ।

**9. <u>ਸਦਨ ਨੂੰ ਥੋੜ੍ਹੇ ਸਮੇਂ ਲਈ ਸਥੱਗਿਤ ਕਰਨਾ</u>**

ਮਾਣਯੋਗ ਸਪੀਕਰ ਵੱਲੋਂ ਸਦਨ 2.10 ਵਜੇ (ਬਾਅਦ ਦੁਪਹਿਰ) ਤੋਂ 2.30 ਵਜੇ (ਬਾਅਦ ਦੁਪਹਿਰ) ਤੱਕ ਸਥੱਗਿਤ ਕੀਤਾ ਗਿਆ।

ਇਸ ਉਪਰੰਤ ਸਦਨ ਬੁੱਧਵਾਰ, ਮਿਤੀ 29 ਨਵੰਬਰ, 2023 (ਸਵੇਰੇ) 10.00 ਵਜੇ (ਪੂਰਵ ਦੁਪਹਿਰ) ਤੱਕ ਸਥੱਗਿਤ ਹੋ ਗਿਆ।

ਚੰਡੀਗੜ੍ਹ।
28 ਨਵੰਬਰ, 2023

ਰਾਮ ਲੋਕ ਖਟਾਣਾ,
ਸਕੱਤਰ ।

28/11/23

Principal Chief Reporter
Punjab Vidhan Sabha
Chandigrah